ਪੰਜਾਬ ਸਰਕਾਰ
ਸਕੂਲ ਸਿੱਖਿਆ ਵਿਭਾਗ

ਸੇਵਾ ਵਿਖੇ

1. ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ / ਐ.ਸਿ)
2. ਸਮੂਹ ਸਕੂਲ ਮੁੱਖੀ

ਮੀਮੋ ਨੰ: 15/51-2015 ਕੋ(1)/2020215170-21
ਮਿਤੀ: 08-09-2020

ਵਿਸ਼ਾ:- **ਸਰਕਾਰੀ ਸਕੂਲਾਂ ਵਿੱਚ ਦਾਖਲੇ ਸਬੰਧੀ।**

1. ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇਗੀ।

2. ਪਿਛਲੇ ਦਿਨੀ ਹਫਤਾਵਾਰ ਮੀਟਿੰਗ ਵਿੱਚ ਕੁਝ ਸਕੂਲ ਮੁੱਖੀਆਂ ਅਤੇ ਜਿਲ੍ਹਾ ਸਿੱਖਿਆ ਅਫਸਰਾਂ ਦੁਆਰਾ ਦਾਖਲਿਆਂ ਸਬੰਧੀ ਸਕੂਲਾਂ ਨੂੰ ਪੇਸ਼ ਆ ਰਹੀਆਂ ਮੁਸਕਿਲਾਂ ਬਾਰੇ ਦੱਸਿਆਂ ਗਿਆ। ਇਸ ਸਬੰਧੀ ਮੀਮੋ ਨੰ: 15/51-2015 ਕੋ(1)/2020 /86186, ਮਿਤੀ 07-08-2020 ਰਾਹੀਂ ਹਦਾਇਤਾਂ ਜਾਰੀ ਕੀਤੀਆਂ ਗਈਆ ਸੀ। ਇਸ ਸਬੰਧੀ ਹੇਠ ਲਿਖੇ ਅਨੁਸਾਰ ਦੁਬਾਰਾ ਸਥਿਤੀ ਮੁੜ ਸਪੱਸ਼ਟ ਕੀਤੀ ਜਾਂਦੀ ਹੈ:-

i. ਜੇਕਰ ਕੋਈ ਵਿਦਿਆਰਥੀ ਪ੍ਰਾਇਵੇਟ ਸਕੂਲ ਤੋਂ ਸਰਕਾਰੀ ਸਕੂਲ ਵਿੱਚ ਦਾਖਲਾ ਹੁੰਦਾ ਹੈ ਤਾਂ ਵਿਦਿਆਰਥੀ ਤੋਂ ਟ੍ਰਾਂਸਫਰ ਸਰਟੀਫਿਕੇਟ ਲੈਣ ਦੀ ਕੋਈ ਜਰੂਰਤ ਨਹੀਂ ਹੈ। ਸਕੂਲ ਮੁੱਖੀ ਅਪਣੀ ਤਸੱਲੀ ਅਨੁਸਾਰ ਐਸੇ ਵਿਦਿਆਰਥੀ ਨੂੰ ਦਾਖਲਾ ਦੇ ਸਕਦੇ ਹਨ। ਪ੍ਰੰਤੂ ਸਬੰਧਤ ਵਿਦਿਆਰਥੀ ਦੇ ਮਾਪਿਆਂ ਤੋਂ ਬੱਚੇ ਦੇ ਸਰਕਾਰੀ ਸਕੂਲ ਵਿੱਚ ਪੜ੍ਹਾਈ ਸਬੰਧੀ ਲਿਖਤੀ ਰੂਪ ਵਿੱਚ ਲੈ ਲਿਆ ਜਾਵੇ। ਬੱਚੇ ਦੇ ਟ੍ਰਾਂਸਫਰ ਸਰਟੀਫਿਕੈਟ ਨਾ ਹੋਣ ਤੇ ਉਸ ਦੇ ਪੇਪਰਾਂ ਸਬੰਧੀ ਕੋਈ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਕੋਈ ਵੀ ਸਕੂਲ ਮੁੱਖੀ ਟ੍ਰਾਂਸਫਰ ਸਰਟੀਫਿਕੇਟ ਨਾ ਹੋਣ ਕਾਰਨ ਵਿਦਿਆਰਥੀ ਨੂੰ ਦਾਖਲੇ ਤੋਂ ਇਨਕਾਰ ਨਾ ਕਰੇ ਅਤੇ ਨਾ ਹੀ ਦਾਖਲੇ ਤੋਂ ਬਾਅਦ ਟ੍ਰਾਂਸਫਰ ਸਰਟੀਫਿਕੇਟ ਦੀ ਮੰਗ ਕੀਤੀ ਜਾਵੇ।

ii. ਜਿਹੜੇ ਪ੍ਰਾਇਵੇਟ ਸਕੂਲ ਵਿਦਿਆਰਥੀਆਂ ਨੂੰ ਟ੍ਰਾਂਸਫਰ ਸਰਟੀਫਿਕੇਟ ਦੇਣ ਤੋਂ ਇਨਕਾਰ ਕਰਦੇ ਹਨ, ਉਨ੍ਹਾਂ ਦਾ ਵੇਰਵਾ ਵੀ ਮੁੱਖ ਦਫਤਰ ਵਿੱਚ ਸ਼੍ਰੀ ਸੰਜੀਵ ਸ਼ਰਮਾ, ਸਹਾਇਕ ਡਾਇਰੈਕਟਰ ਜਾਂ ਸਬੰਧਤ ਜਿਲ੍ਹੇ ਦੇ ਨੋਡਲ ਅਫਸਰ ਨੂੰ ਭੇਜਿਆ ਜਾਵੇ।

iii. ਕੁਝ ਵਿਦਿਆਰਥੀਆਂ ਕੋਲ ਅਪਣਾ ਜਨਮ ਸਰਟੀਫਿਕੇਟ ਨਹੀਂ ਹੈ, ਪਰ ਉਹ ਵਿਦਿਆਰਥੀ ਸਕੂਲ ਵਿੱਚ ਦਾਖਲਾ ਲੈਣਾ ਚਾਹੁੰਦੇ ਹਨ, ਇਸ ਸਬੰਧ ਵਿੱਚ ਸਥਿਤੀ ਸਪੱਸ਼ਟ ਕੀਤੀ ਜਾਂਦੀ ਹੈ ਕਿ ਅਜਿਹੇ ਵਿਦਿਆਰਥੀ ਨੂੰ ਜਨਮ ਸਰਟੀਫਿਕੇਟ ਲੈਣ ਲਈ ਮਜਬੂਰ ਨਾ ਕੀਤੀ ਜਾਵੇ ਅਤੇ ਇਨ੍ਹਾ ਦਾ ਦਾਖਲਾ ਪ੍ਰੋਵੀਜਨਲ ਅਧਾਰ ਤੇ ਕਰ ਲਿਆ ਜਾਵੇ।

iv. ਇਸ ਤੋਂ ਇਲਾਵਾ ਬਹੁਤ ਸਾਰੇ ਵਿਦਿਆਰਥੀਆਂ ਦੇ ਜਨਮ ਸਰਟੀਫਿਕੇਟ ਡਿਜ਼ੀ-ਲਾਕਰ ਤੇ ਮਿਲ ਜਾਂਦੇ ਹਨ ਤਾਂ ਇਨ੍ਹਾ ਵਿਦਿਆਰਥੀਆਂ ਨੂੰ ਪ੍ਰਿੰਟਡ ਸਰਟੀਫਿਕੇਟ ਪੇਸ਼ ਕਰਨ ਦੇ ਲਈ ਮਜਬੂਰ ਨਾ ਕੀਤਾ ਜਾਵੇ।

3. ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਸਕੱਤਰ ਸਕੂਲ ਸਿੱਖਿਆ